SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6



ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post



JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit **punjabipost.ca/epaper** | Vol 22* Issue 227 | Wednesday, December 13, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' ***Online*** ਰੋਜ਼ਾਨਾ ਪੜ੍ਹ ਸਕਦੇ ਹੋ


# ਗਾਜ਼ਾ ਵਿੱਚ ਜੰਗਬੰਦੀ ਦੇ ਹੱਕ ਵਿੱਚ ਨਿੱਤਰੇ ਟਰੂਡੋ

**ਕੈਨੇਡਾ, ਆਸਟਰੇਲੀਆ ਤੇ ਨਿਊਜ਼ੀਲੈਂਡ ਦੇ ਪ੍ਰਧਾਨ ਮੰਤਰੀਆਂ ਨੇ ਇਜ਼ਰਾਈਲ ਤੇ ਹਮਸ ਦਰਮਿਆਨ ਜੰਗਬੰਦੀ ਕਰਵਾਉਣ ਦੀ ਮੰਗ ਕੀਤੀ।**



ਓਟਵਾ, 12 ਦਸੰਬਰ (ਪੋਸਟ ਬਿਊਰੋ) : ਇਜ਼ਰਾਈਲ ਤੇ ਹਮਸ ਦਰਮਿਆਨ ਫੌਰੀ ਮਨੁੱਖਤਾਵਾਦੀ ਜੰਗਬੰਦੀ ਕਰਵਾਉਣ ਲਈ ਸੰਯੁਕਤ ਰਾਸ਼ਟਰ ਵਿੱਚ ਪੇਸ਼ ਕੀਤੇ ਜਾਣ ਵਾਲੇ ਗੈਰ-ਬੰਧਨਕਾਰੀ ਮਤੇ ਦੇ ਹੱਕ ਵਿੱਚ ਕੈਨੇਡਾ ਨੇ ਵੋਟ ਪਾਉਣ ਦਾ ਫੈਸਲਾ ਕੀਤਾ ਹੈ।ਇਸ ਦੀ ਪੁਸ਼ਟੀ ਫੈਡਰਲ ਸਰਕਾਰ ਦੇ ਸੂਤਰ ਵੱਲੋਂ ਕੀਤੀ ਗਈ।

ਆਪਣਾ ਨਾਂ ਗੁਪਤ ਰੱਖਣ ਦੀ ਸ਼ਰਤ ਉੱਤੇ ਇਸ ਸਰਕਾਰੀ ਸੂਤਰ ਨੇ ਇਹ ਜਾਣਕਾਰੀ ਦਿੱਤੀ। ਅਜੇ ਤੱਕ ਇਸ ਮਾਮਲੇ ਨੂੰ ਜਨਤਕ ਨਹੀਂ ਕੀਤਾ ਗਿਆ ਹੈ। ਪਾਰਲੀਆਮੈਂਟ ਹਿੱਲ ਉੱਤੇ ਵਿਦੇਸ਼ ਮੰਤਰੀ ਮਿਲੇਨੀ ਜੋਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਜ਼ਰੂਰ ਕੀਤੀ ਪਰ ਇਸ ਮਤੇ ਉੱਤੇ ਚਾਨਣਾ ਨਹੀਂ ਪਾਇਆ। ਮੰਗਲਵਾਰ ਨੂੰ ਯੂਐਨ ਦੀ ਜਨਰਲ ਅਸੈਂਬਲੀ ਦੌਰਾਨ ਪੇਸ਼ ਕੀਤੇ ਜਾਣ ਵਾਲੇ ਮਤੇ ਉੱਤੇ ਕੈਨੇਡਾ ਦੀ ਸਥਿਤੀ ਵਿੱਚ ਆਈ ਤਬਦੀਲੀ ਤੋਂ ਇਜ਼ਰਾਈਲ ਹੈਰਾਨ ਹੈ। ਇਸ ਤੋਂ ਪਹਿਲਾਂ ਸੰਯੁਕਤ ਰਾਸ਼ਟਰ ਵਿੱਚ ਕਈ ਵੱਡੇ ਮਤਿਆਂ ਉੱਤੇ ਕੈਨੇਡਾ ਹਮੇਸ਼ਾਂ ਇਜ਼ਰਾਈਲ ਦਾ ਸਾਥ ਦਿੰਦਾ ਆਇਆ ਹੈ।

ਇੱਕ ਸਾਂਝੇ ਬਿਆਨ ਵਿੱਚ ਕੈਨੇਡਾ, ਆਸਟਰੇਲੀਆ ਤੇ ਨਿਊਜ਼ੀਲੈਂਡ ਦੇ ਪ੍ਰਧਾਨ ਮੰਤਰੀਆਂ ਨੇ ਇਜ਼ਰਾਈਲ ਤੇ ਹਮਸ ਦਰਮਿਆਨ ਜੰਗਬੰਦੀ ਕਰਵਾਉਣ ਦੀ ਮੰਗ ਕੀਤੀ। ਪ੍ਰਧਾਨ ਮੰਤਰੀ ਜਸਟਿਨ ਟਰੂਡੋ, ਆਸਟਰੇਲੀਆਈ ਪ੍ਰਧਾਨ ਮੰਤਰੀ ਐਂਥਨੀ ਐਲਬਾਨੀਸ ਤੇ ਨਿਊਜ਼ੀਲੈਂਡ ਦੇ ਪ੍ਰਧਾਨ ਮੰਤਰੀ ਕ੍ਰਿਸਟੋਫਰ ਲਗਜ਼ਨ ਨੇ ਆਖਿਆ ਕਿ ਹਰੇਕ ਇਜ਼ਰਾਈਲੀ ਤੇ ਫਲਸਤੀਨੀ ਮਾਸੂਮ ਜ਼ਿੰਦਗੀ ਜਾਣ ਉੱਤੇ ਦੂਜੇ ਦੇਸ਼ਾਂ ਨੂੰ ਬੇਹੱਦ ਅਫਸੋਸ ਹੋ ਰਿਹਾ ਹੈ। ਇਸ ਤਰ੍ਹਾਂ ਦਾ ਮੰਜ਼ਰ ਵੇਖਿਆ ਨਹੀਂ ਜਾ ਸਕਦਾ। ਸੰਯੁਕਤ ਰਾਸ਼ਟਰ ਦੀ ਵੋਟ ਤੋਂ ਕਈ ਘੰਟੇ ਪਹਿਲਾਂ ਇਨ੍ਹਾਂ ਮੰਤਰੀਆਂ ਨੇ ਜਾਰੀ ਕੀਤੇ ਆਪਣੇ ਬਿਆਨ ਵਿੱਚ ਜੰਗ ਤੋਂ ਪ੍ਰਭਾਵਿਤ ਪਰਿਵਾਰਾਂ ਤੇ ਕਮਿਊਨਿਟੀਜ਼ ਨਾਲ ਦੁੱਖ ਸਾਂਝਾ ਕੀਤਾ।

ਬਿਆਨ ਵਿੱਚ ਆਖਿਆ ਗਿਆ ਕਿ ਅਸੀਂ ਸਾਂਝੇ ਤੌਰ ਉੱਤੇ ਹਮਸ ਵੱਲੋਂ 7 ਅਕਤੂਬਰ ਨੂੰ ਇਜ਼ਰਾਈਲ ਉੱਤੇ ਕੀਤੇ ਗਏ ਹਮਲੇ ਦੀ ਨਿਖੇਧੀ ਕਰਦੇ ਹਾਂ। ਬੰਦੀਆਂ ਨਾਲ ਕੀਤੇ ਜਾ ਰਹੇ ਉਸ ਦੇ ਸਲੂਕ ਦੀ ਵੀ ਨਿਖੇਧੀ ਕਰਦੇ ਹਾਂ ਤੇ ਬਾਕੀ ਬੰਦੀਆਂ ਨੂੰ ਰਿਹਾਅ ਕੀਤੇ ਜਾਣ ਦੀ ਵੀ ਮੰਗ ਕਰਦੇ ਹਾਂ। ਸਾਡਾ ਇਹ ਵੀ ਮੰਨਣਾ ਹੈ ਕਿ ਇਜ਼ਰਾਈਲ ਨੂੰ ਆਪਣੀ ਹੋਂਦ ਬਣਾ ਕੇ ਰੱਖਣ ਤੇ ਆਪਣਾ ਬਚਾਅ ਕਰਨ ਦਾ ਪੂਰਾ ਅਧਿਕਾਰ ਹੈ ਪਰ ਆਪਣੇ ਇਸ ਅਧਿਕਾਰ ਦੀ ਰਾਖੀ ਲਈ ਇਜ਼ਰਾਈਲ ਨੂੰ ਕੌਮਾਂਤਰੀ ਮਨੁੱਖਤਾਵਾਦੀ ਕਾਨੂੰਨ ਦਾ ਆਦਰ ਵੀ ਕਰਨਾ ਹੋਵੇਗਾ। ਆਮ ਨਾਗਰਿਕਾਂ ਤੇ ਸਿਵੀਲੀਅਨ ਇਨਫਰਾਸਟ੍ਰਕਚਰ ਦੀ ਹਿਫਾਜ਼ਤ ਵੀ ਕਰਨੀ ਹੋਵੇਗੀ। ਗਾਜ਼ਾ ਵਿੱਚ ਹੋ ਰਹੇ ਮਨੁੱਖਤਾ ਦੇ ਘਾਣ ਤੋਂ ਅਸੀਂ ਪਰੇਸ਼ਾਨ ਹਾਂ। ਹਮਸ ਨੂੰ ਹਰਾਉਣ ਦੀ ਕੀਮਤ ਸਾਰੇ ਫਲਸਤੀਨੀ ਨਾਗਰਿਕਾਂ ਉੱਤੇ ਤਸ਼ੱਦਦ ਨਹੀਂ ਹੋਣੀ ਚਾਹੀਦੀ। ਟਰੂਡੋ ਵੱਲੋਂ ਜੰਗਬੰਦੀ ਲਈ ਦਿੱਤਾ ਗਿਆ ਇਹ ਬਹੁਤ ਹੀ ਸਪਸ਼ਟ ਤੇ ਸਾਫ ਬਿਆਨ ਹੈ। ਇਸ ਤੋਂ ਪਹਿਲਾਂ ਟਰੂਡੋ ਅਜਿਹਾ ਬਿਆਨ ਦੇਣ ਤੋਂ ਬਚਦੇ ਰਹੇ ਹਨ।

# ਲਿਬਰਲ ਐਮਪੀ ਕੈਰੋਲਿਨ ਬੈਨੇਟ ਨੇ ਰਿਟਾਇਰ ਹੋਣ ਦਾ ਕੀਤਾ ਐਲਾਨ



ਓਟਵਾ, 12 ਦਸੰਬਰ (ਪੋਸਟ ਬਿਊਰੋ) : ਟੋਰਾਂਟੋ-ਸੇਂਟ ਪਾਲਜ਼ ਵਿੱਚ ਪਿਛਲੇ 26 ਸਾਲਾਂ ਤੋਂ ਸੇਵਾਵਾਂ ਦੇ ਰਹੀ ਲਿਬਰਲ ਐਮਪੀ ਕੈਰੋਲੀਨ ਬੈਨੇਟ ਨੇ ਰਿਟਾਇਰ ਹੋਣ ਦਾ ਐਲਾਨ ਕੀਤਾ ਹੈ।

ਆਪਣੇ 73ਵੇਂ ਜਨਮਦਿਨ ਤੋਂ ਇੱਕ ਹਫਤੇ ਪਹਿਲਾਂ ਹਾਊਸ ਆਫ ਕਾਮਨਜ਼ ਵਿੱਚ ਇਸ ਸਾਬਕਾ ਫੈਮਲੀ ਡਾਕਟਰ ਨੇ ਆਖਿਆ ਕਿ ਉਸ ਨੇ 1997 ਵਿੱਚ ਮੈਡੀਸਨ ਛੱਡ ਕੇ ਸਿਆਸਤ ਵਿੱਚ ਪੈਰ ਰੱਖਣ ਦਾ ਫੈਸਲਾ ਮੁਸ਼ਕਲ ਨਾਲ ਕੀਤਾ ਸੀ ਪਰ ਕਦੇ ਇਸ ਫੈਸਲੇ ਉੱਤੇ ਪਛਤਾਵਾ ਨਹੀਂ ਕੀਤਾ। ਬੈਨੇਟ ਨੇ ਤਿੰਨ ਪ੍ਰਧਾਨ ਮੰਤਰੀਆਂ ਨਾਲ ਕੰਮ ਕੀਤਾ ਤੇ 10 ਸਾਲ ਤੋਂ ਕੁੱਝ ਵੱਧ ਸਮਾਂ ਕੈਬਨਿਟ ਵਿੱਚ ਰਹੀ। ਇਸ ਵਿੱਚ ਵੀ 2015 ਤੇ 2021 ਦਰਮਿਆਨ ਉਹ ਕ੍ਰਾਊਨ-ਇੰਡੀਜਨਸ ਰਿਲੇਸ਼ਨਜ਼ ਮੰਤਰੀ ਰਹੀ।

ਮੁੜ ਚੋਣਾਂ ਵਿੱਚ ਖੜ੍ਹਾਂ ਨਾ ਹੋਣ ਦੇ ਐਲਾਨ ਤੋਂ ਬਾਅਦ ਬੈਨੇਟ ਨੂੰ ਪਿਛਲੀਆਂ ਗਰਮੀਆਂ ਵਿੱਚ ਕੀਤੇ ਗਏ ਫੇਰਬਦਲ ਵਿੱਚ ਮੰਤਰੀ ਮੰਡਲ ਵਿੱਚੋਂ ਬਾਹਰ ਕਰ ਦਿੱਤਾ ਗਿਆ।ਹੁਣ ਬੈਨੇਟ ਦਾ ਕਹਿਣਾ ਹੈ ਕਿ ਅਗਲੀਆਂ ਚੋਣਾਂ ਵਿੱਚ ਰਿਟਾਇਰ ਹੋਣ ਦੀ ਉਡੀਕ ਕਰਨ ਦੀ ਥਾਂ ਉਹ ਇਸੇ ਵੇਲੇ ਸੀਟ ਛੱਡ ਦੇਵੇਗੀ।

# ਕੈਂਚੀ ਨਾਲ ਲੋਕਾਂ ਨੂੰ ਧਮਕਾ ਰਹੀ ਮਹਿਲਾ ਨੂੰ ਪੁਲਿਸ ਨੇ ਟੇਜ਼ਰ ਲਾ ਕੇ ਕੀਤਾ ਕਾਬੂ



ਟੋਰਾਂਟੋ, 12 ਦਸੰਬਰ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਨੇ ਦੱਸਿਆ ਕਿ ਕਥਿਤ ਤੌਰ ਉੱਤੇ ਕੈਂਚੀ ਲੈ ਕੇ ਘੁੰਮ ਰਹੀ ਮਹਿਲਾ ਨੂੰ ਉਨ੍ਹਾਂ ਦੇ ਅਧਿਕਾਰੀਆਂ ਵੱਲੋਂ ਟੇਜ਼ਰ ਲਾ ਕੇ ਕਾਬੂ ਕੀਤਾ ਗਿਆ।

ਅਧਿਕਾਰੀਆਂ ਨੇ ਦੱਸਿਆ ਕਿ ਪੁਲਿਸ ਨੂੰ ਦੁਪਹਿਰੇ 4:30 ਵਜੇ ਤੋਂ ਬਾਅਦ ਅਰਲਸਕੋਰਟ ਵਿੱਚ ਸੇਂਟ ਕਲੇਅਰ ਵੈਸਟ ਤੇ ਕੇਲਡੋਨੀਆ ਰੋਡ ਏਰੀਆ ਵਿੱਚ ਸੱਦਿਆ ਗਿਆ। ਪੁਲਿਸ ਦੇ ਬੁਲਾਰੇ ਨੇ ਦੱਸਿਆ ਕਿ ਇਸ ਇਲਾਕੇ ਵਿੱਚ ਇੱਕ ਮਹਿਲਾ ਦੇ ਕੈਂਚੀ ਲੈ ਕੇ ਹੋਰਨਾਂ ਲੋਕਾਂ ਨੂੰ ਧਮਕਾਉਣ ਦੀਆਂ ਰਿਪੋਰਟਾਂ ਉਨ੍ਹਾਂ ਨੂੰ ਮਿਲੀਆਂ। ਪੁਲਿਸ ਅਧਿਕਾਰੀਆਂ ਦੇ ਮੌਕੇ ਉੱਤੇ ਪਹੁੰਚਣ ਤੋਂ ਬਾਅਦ ਵੀ ਮਹਿਲਾ ਨੇ ਸਹਿਯੋਗ ਕਰਨ ਤੋਂ ਇਨਕਾਰ ਕਰ ਦਿੱਤਾ।

ਹਾਸਲ ਹੋਈ ਵੀਡੀਓ ਵਿੱਚ ਨਜ਼ਰ ਆ ਰਿਹਾ ਹੈ ਕਿ ਪੁਲਿਸ ਅਧਿਕਾਰੀ ਵੱਲੋਂ ਆਪਣੀ ਟੇਜ਼ਰ ਗੰਨ ਉਸ ਮਹਿਲਾ ਵੱਲ ਤਾਨੀ ਗਈ ਹੈ ਤੇ ਫਿਰ ਉਸ ਨੂੰ ਟੇਜ਼ਰ ਲਾ ਦਿੱਤਾ ਗਿਆ। ਹੁਣ ਉਹ ਮਹਿਲਾ ਪੁਲਿਸ ਹਿਰਾਸਤ ਵਿੱਚ ਹੈ। ਪੁਲਿਸ ਦੇ ਬੁਲਾਰੇ ਨੇ ਦੱਸਿਆ ਕਿ ਪੁਲਿਸ ਅਧਿਕਾਰੀਆਂ ਤੇ ਜਨਤਾ ਵਿੱਚੋਂ ਕਿਸੇ ਨੂੰ ਵੀ ਨੁਕਸਾਨ ਨਹੀਂ ਪਹੁੰਚਿਆ। ਕਿਸੇ ਕਿਸਮ ਦੇ ਚਾਰਜਿਜ਼ ਪੈਂਡਿੰਗ ਨਹੀਂ ਹਨ।

# ਪੁਲਿਸ ਦੀਆਂ ਜਾਅਲੀ ਵੈਸਟਸ ਪਾ ਕੇ ਮਸ਼ਕੂਕਾਂ ਨੇ ਗੱਡੀ ਦਾ ਕੀਤਾ ਪਿੱਛਾ, ਗੱਡੀ ਖੰਭੇ ਨਾਲ ਟਕਰਾਈ



ਇਟੋਬੀਕੋ, 12 ਦਸੰਬਰ (ਪੋਸਟ ਬਿਊਰੋ) : ਪੁਲਿਸ ਅਜਿਹੇ ਦੋ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਜਿਨ੍ਹਾਂ ਵੱਖੋ ਵੱਖਰੀਆਂ ਗੱਡੀਆਂ ਵਿੱਚ ਸਵਾਰ ਹੋ ਕੇ ਇੱਕ ਹੋਰ ਗੱਡੀ ਦਾ ਪਿੱਛਾ ਕੀਤਾ, ਜਿਹੜੀ ਖੰਭੇ ਨਾਲ ਜਾ ਟਕਰਾਈ।

ਟੋਰਾਂਟੋ ਪੁਲਿਸ ਅਧਿਕਾਰੀਆਂ ਨੂੰ ਸ਼ੇਵਰ ਐਵਨਿਊ ਦੇ ਪੂਰਬ ਵੱਲ ਡੰਡਾਸ ਸਟਰੀਟ ਵੈਸਟ ਉੱਤੇ ਸ਼ਾਮੀਂ 5:10 ਦੇ ਨੇੜੇ ਤੇੜੇ ਸੱਦਿਆ ਗਿਆ। ਉਨ੍ਹਾਂ ਨੂੰ ਇੱਥੇ ਹਾਦਸਾ ਹੋਣ ਦੀਆਂ ਖਬਰਾਂ ਮਿਲੀਆਂ ਸਨ।ਪੁਲਿਸ ਨੇ ਦੱਸਿਆ ਕਿ ਇੱਕ ਜੋੜੇ ਨੇ ਉਨ੍ਹਾਂ ਨੂੰ ਇਹ ਜਾਣਕਾਰੀ ਦਿੱਤੀ ਕਿ ਉਹ ਆਪਣੇ ਕਾਲੇ ਡੌਜ ਰੈਮ ਪਿੱਕਅੱਪ ਟਰੱਕ ਵਿੱਚ ਜਾ ਰਹੇ ਸਨ ਜਦੋਂ ਇੱਕ ਹੋਰ ਪਿੱਕਅੱਪ ਟਰੱਕ ਉਨ੍ਹਾਂ ਦੇ ਸਾਹਮਣੇ ਆ ਲੱਗਿਆ ਤੇ ਇੱਕ ਚਿੱਟੇ ਰੰਗ ਦੀ ਗੱਡੀ ਉਨ੍ਹਾਂ ਦਾ ਪਿੱਛਾ ਕਰਨ ਲੱਗੀ।

ਇਸ ਜੋੜੇ ਨੇ ਇਨ੍ਹਾਂ ਦੋਵਾਂ ਗੱਡੀਆਂ ਤੋਂ ਬਚਣ ਲਈ ਆਪਣਾ ਪਿੱਕਅੱਪ ਟਰੱਕ ਡੰਡਾਸ ਤੇ ਸ਼ੇਵਰ ਨੇੜੇ ਖੰਭੇ ਵਿੱਚ ਦੇ ਮਾਰਿਆ। ਇਹ ਵੀ ਦੋਸ਼ ਲਾਇਆ ਗਿਆ ਹੈ ਕਿ ਇਨ੍ਹਾਂ ਦਾ ਪਿੱਛਾ ਕਰ ਰਹੇ ਮਸ਼ਕੂਕਾਂ ਨੇ ਪੁਲਿਸ ਦੀਆਂ ਜਾਅਲੀ ਵੈਸਟਸ ਪਾਈਆਂ ਹੋਈਆਂ ਸਨ। ਇਹ ਦੋਵੇਂ ਹੋਰਨਾਂ ਗੱਡੀਆਂ ਪਿੱਛੋਂ ਨਿਕਲੇ ਤੇ ਉਨ੍ਹਾਂ ਜੋੜੇ ਉੱਤੇ ਹਮਲਾ ਵੀ ਕੀਤਾ। ਪਰ ਇਸ ਘਟਨਾ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ।

ਜਾਂਚਕਾਰਾਂ ਨੇ ਦੱਸਿਆ ਕਿ ਮਸ਼ਕੂਕ ਕਾਲੇ ਰੰਗ ਦੀ ਫੋਰਡ ਐਫ-150 ਤੇ ਚਿੱਟੇ ਰੰਗ ਦੀ ਕ੍ਰਾਈਸਲਰ 300 ਵਿੱਚ ਮੌਕੇ ਤੋਂ ਫਰਾਰ ਹੋਏ। ਮਸ਼ਕੂਕਾਂ ਸਬੰਧੀ ਜਾਰੀ ਕੀਤੇ ਗਏ ਵੇਰਵੇ ਅਨੁਸਾਰ ਇੱਕ ਪੁਰਸ਼ ਜਿਸ ਦਾ ਕੱਦ ਪੰਜ ਫੁੱਟ ਛੇ ਇੰਚ ਹੈ ਨੇ ਬੇਜ ਟਰੈਕ ਸੂਟ ਤੇ ਪੁਲਿਸ ਦੀ ਵੈਸਟ ਪਾਈ ਹੋਈ ਸੀ, ਉਸ ਦੀ ਕੱਦਕਾਠੀ ਨਿੱਕੀ ਸੀ, ਦੂਜੇ ਪੁਰਸ਼ ਦੀ ਕੱਦਕਾਠੀ ਤਕੜੀ ਸੀ, ਉਸ ਨੇ ਹਲਕੀ ਨੀਲੀ ਜੀਨਜ਼, ਕਾਲੀ ਜੈਕੇਟ ਤੇ ਪੁਲਿਸ ਵੈਸਟ ਪਾਈ ਹੋਈ ਸੀ। ਪੁਲਿਸ ਇਸ ਮਾਮਲੇ ਨੂੰ ਕਾਰਜੈਕਿੰਗ ਦਾ ਮਾਮਲਾ ਮੰਨ ਕੇ ਜਾਂਚ ਕਰ ਰਹੀ ਹੈ।

# ਜਾਪਾਨ ਵਿਚ ਬੀਚ 'ਤੇ ਆਈਆਂ ਲੱਖਾਂ ਮਰੀਆਂ ਮੱਛੀਆਂ, ਸਰਕਾਰ ਨੇ ਲੋਕਾਂ ਨੂੰ ਨਾ ਖਾਣ ਦੀ ਕੀਤੀ ਅਪੀਲ



ਟੋਕੀਓ, 12 ਦਸੰਬਰ (ਪੋਸਟ ਬਿਊਰੋ): ਜਾਪਾਨ ਦੇ ਹੋਕਾਈਡੋ ਸੂਬੇ ਵਿੱਚ ਲੱਖਾਂ ਮੱਛੀਆਂ ਮਰ ਗਈਆਂ। ਮੱਛੀਆਂ ਪਾਣੀ ਵਿਚ ਰੁੜ੍ਹ ਕੇ ਹਾਕੋਡੇਟ ਦੇ ਕੰਢੇ 'ਤੇ ਪਹੁੰਚ ਗਈਆਂ, ਜਿਸ ਦੀ ਵੀਡੀਓ ਹੁਣ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਮੱਛੀਆਂ ਦੀ ਮੌਤ ਦਾ ਕਾਰਨ ਹਾਲੇ ਤੱਕ ਪਤਾ ਨਹੀਂ ਲੱਗ ਸਕਿਆ ਹੈ। ਮਾਹਿਰਾਂ ਨੇ ਜ਼ਹਿਰ ਅਤੇ ਆਕਸੀਜਨ ਦੀ ਕਮੀ ਦਾ ਖਦਸ਼ਾ ਪ੍ਰਗਟਾਇਆ ਹੈ। ਸਰਕਾਰ ਨੂੰ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਨ੍ਹਾਂ ਮੱਛੀਆਂ ਦੀ ਵਰਤੋਂ ਖਾਣੇ ਵਿਚ ਨਾ ਕਰਨ।

# ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਮਹਿਲਾ ਜ਼ਖ਼ਮੀ

ਟੋਰਾਂਟੋ, 12 ਦਸੰਬਰ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਇੱਕ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਮਹਿਲਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ। ਇਹ ਜਾਣਕਾਰੀ ਟੋਰਾਂਟੋ ਪੁਲਿਸ ਨੇ ਦਿੱਤੀ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਹ ਹਾਦਸਾ ਸੋਮਵਾਰ ਨੂੰ ਸ਼ਾਮੀਂ 6:10 ਤੋਂ ਬਾਅਦ ਮਿਲਵਾਨ ਤੇ ਮਿਲਵਿੱਕ ਡਰਾਈਵਜ਼ ਉੱਤੇ ਵਾਪਰਿਆ ਜਦੋਂ ਇੱਕ ਗੱਡੀ ਦੇ ਡਰਾਈਵਰ ਨੇ ਮਹਿਲਾ ਨੂੰ ਟੱਕਰ ਮਾਰ ਦਿੱਤੀ। ਪੈਰਾਮੈਡਿਕਸ ਨੇ ਦੱਸਿਆ ਕਿ ਮਹਿਲਾ ਨੂੰ ਗੰਭੀਰ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ। ਜਿੱਥੇ ਉਸ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਜਾਂਦੀ ਹੈ।

ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਮਹਿਲਾ ਨੂੰ ਟੱਕਰ ਮਾਰਨ ਵਾਲਾ ਡਰਾਈਵਰ ਮੌਕੇ ਉੱਤੇ ਬਣਿਆ ਰਿਹਾ।


NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

MagGas Medical Brampton
MGM MAGGAS MEDICAL INC.
Helping you breathe deep and rest easy.
- CPAP ਮਸ਼ੀਨ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਲੇਡੀਜ਼ ਇੰਸਟ੍ਰਕਟਰ
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
647-998-7500 ਬਲਵਿੰਦਰ

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
KSG Pest Control Inc.
Amarjeet Singh Gill
Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
(Government Approved Licensed Technician)
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਚਿੱਲੀ ਦੇ ਤੱਟ ’ਤੇ ਮਿਲੀ 52 ਫੁੱਟ ਲੰਬੀ ਮਰੀ ਹੋਈ ਵ੍ਹੇਲ ਮੱਛੀ



ਸੈਂਟੀਆਗੋ, 12 ਦਸੰਬਰ (ਪੋਸਟ ਬਿਊਰੋ): ਚਿਲੀ ਦੀ ਰਾਜਧਾਨੀ ਸੈਂਟੀਆਗੋ ਦੇ ਤੱਟ 'ਤੇ ਇਕ ਵਿਸ਼ਾਲ ਵ੍ਹੇਲ ਮਰ ਕੇ ਕੰਢੇ ’ਤੇ ਆ ਗਈ। ਇਸ ਦੀ ਲੰਬਾਈ 52 ਫੁੱਟ ਸੀ, ਜਿਸ ਨੂੰ ਦੇਖ ਕੇ ਹਰ ਕੋਈ ਹੈਰਾਨ ਰਹਿ ਗਿਆ। ਅਧਿਕਾਰੀਆਂ ਨੇ ਕਿਹਾ ਕਿ ਹਫਤੇ ਦੇ ਅੰਤ ਵਿੱਚ ਸੈਂਟੀਆਗੋ ਵਿੱਚ ਇੱਕ ਬੀਚ ਉੱਤੇ ਵ੍ਹੇਲ ਦੀ ਮੌਤ ਦਾ ਕਾਰਨ ਸਪੱਸ਼ਟ ਨਹੀਂ ਹੈ। ਜਾਣਕਾਰੀ ਅਨੁਸਾਰ ਮਾਦਾ ਵ੍ਹੇਲ ਐਤਵਾਰ ਨੂੰ ਮਿਸ਼ਨ ਸੀ ਬੀਚ 'ਤੇ ਲੱਭੀ ਗਈ ਸੀ ਅਤੇ ਬਾਅਦ ਵਿੱਚ ਸਮੁੰਦਰ ਵਿੱਚ ਲਿਜਾਈ ਗਈ ਸੀ।

ਨੀਲੀ ਵ੍ਹੇਲ ਤੋਂ ਬਾਅਦ ਫਿਨ ਵ੍ਹੇਲ ਨੂੰ ਦੁਨੀਆਂ ਦੀ ਦੂਜੀ ਸਭ ਤੋਂ ਵੱਡੀ ਵ੍ਹੇਲ ਮੰਨਿਆ ਜਾਂਦਾ ਹੈ। ਉਹ 70 ਤੋਂ 80 ਫੁੱਟ (21 ਤੋਂ 24 ਮੀਟਰ) ਲੰਬੇ ਅਤੇ ਲਗਭਗ 50 ਟਨ ਜਾਂ 100,000 ਪੌਂਡ (45,000 ਕਿਲੋਗ੍ਰਾਮ) ਤੱਕ ਵਧ ਸਕਦੀ ਹੈ। ਰਾਸ਼ਟਰੀ ਸਮੁੰਦਰੀ ਅਤੇ ਵਾਯੂਮੰਡਲ ਪ੍ਰਸ਼ਾਸਨ ਅਨੁਸਾਰ, ਇਹ ਫਿਨ ਵ੍ਹੇਲ ਮੱਛੀਆਂ ਦੀ ਇੱਕ ਅਲੋਪ ਹੋ ਚੁੱਕੀ ਪ੍ਰਜਾਤੀ ਹੈ ਅਤੇ ਪੱਛਮੀ ਤੱਟ 'ਤੇ ਇਨ੍ਹਾਂ ਦੀ ਗਿਣਤੀ ਲਗਭਗ 8000 ਹੈ।

ਫਿਸ਼ਰੀਜ਼ ਵੈਸਟ ਕੋਸਟ ਰੀਜਨ ਦੇ ਬੁਲਾਰੇ ਮਾਈਕਲ ਮਿਲਸਟੀਨ ਨੇ ਅਖਬਾਰ ਨੂੰ ਦੱਸਿਆ, ਇਹ ਫਿਨ ਵ੍ਹੇਲ ਬਹੁਤੀ ਪੁਰਾਣੀ ਨਹੀਂ ਸੀ ਅਤੇ ਇਸਦੀ ਮੌਤ ਜ਼ਿਆਦਾ ਸਮਾਂ ਪਹਿਲਾਂ ਨਹੀਂ ਸਗੋਂ ਕੁਝ ਸਮਾਂ ਪਹਿਲਾਂ ਹੋਈ ਸੀ। ਕਿਉਂਕਿ ਲਾਸ਼ ਦੇ ਸੜਨ ਦਾ ਕੋਈ ਸਬੂਤ ਨਹੀਂ ਮਿਲਿਆ ਹੈ। ਹਾਲਾਂਕਿ ਇਸ ਮੱਛੀ ਦੇ ਮਰਨ ਦਾ ਕਾਰਨ ਸਪੱਸ਼ਟ ਨਹੀਂ ਹੋ ਸਕਿਆ ਹੈ।

# ਪਾਕਿਸਤਾਨ ਵਿਚ ਅੱਤਵਾਦੀ ਹਮਲੇ ਵਿਚ ਕਈ ਪੁਲਿਸ ਮੁਲਾਜ਼ਮਾਂ ਦੀ ਮੌਤ, ਟੀ.ਜੇ.ਪੀ. ਨੇ ਹਮਲੇ ਦੀ ਲਈ ਜ਼ਿੰਮੇਵਾਰੀ

ਇਸਲਾਮਾਬਾਦ, 12 ਦਸੰਬਰ (ਪੋਸਟ ਬਿਊਰੋ): ਪਾਕਿਸਤਾਨ ਦੇ ਅਸ਼ਾਂਤ ਖੈਬਰ ਪਖਤੂਨਖਵਾ ਸੂਬੇ 'ਚ ਮੰਗਲਵਾਰ ਨੂੰ ਅੱਤਵਾਦੀਆਂ ਨੇ ਇਕ ਪੁਲਿਸ ਥਾਣੇ 'ਤੇ ਹਮਲਾ ਕੀਤਾ। ਇਸ ਹਮਲੇ 'ਚ ਘੱਟੋ-ਘੱਟ 6 ਸੁਰੱਖਿਆ ਮੁਲਾਜ਼ਮ ਮਾਰੇ ਗਏ ਸਨ। ਕਰੀਬ 16 ਲੋਕ ਜ਼ਖਮੀ ਹੋ ਗਏ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ।

ਆਤਮਘਾਤੀ ਹਮਲਾਵਰਾਂ ਨੇ ਦੱਖਣੀ ਵਜ਼ੀਰਿਸਤਾਨ ਕਬਾਇਲੀ ਜ਼ਿਲ੍ਹੇ ਨਾਲ ਲੱਗਦੇ ਅਸ਼ਾਂਤ ਡੇਰਾ ਇਸਮਾਈਲ ਖ਼ਾਨ ਜ਼ਿਲ੍ਹੇ ਦੇ ਦਰਬਨ ਪੁਲਿਸ ਸਟੇਸ਼ਨ 'ਤੇ ਹਮਲਾ ਕੀਤਾ। ਅੱਤਵਾਦੀਆਂ ਨੇ ਵਿਸਫੋਟਕਾਂ ਨਾਲ ਭਰੇ ਇੱਕ ਵਾਹਨ ਨੂੰ ਪੁਲਿਸ ਸਟੇਸ਼ਨ ਦੀ ਇਮਾਰਤ ਵਿੱਚ ਮਾਰਿਆ ਅਤੇ ਫਿਰ ਮੋਰਟਾਰ ਨਾਲ ਹਮਲਾ ਕੀਤਾ। ਪੁਲਸ ਨੇ ਦੱਸਿਆ ਕਿ ਹਮਲੇ ਤੋਂ ਬਾਅਦ ਸੁਰੱਖਿਆ ਬਲਾਂ ਅਤੇ ਹਮਲਾਵਰਾਂ ਵਿਚਾਲੇ ਗੋਲੀਬਾਰੀ 'ਚ ਘੱਟੋ-ਘੱਟ 6 ਸੁਰੱਖਿਆ ਕਰਮਚਾਰੀ ਮਾਰੇ ਗਏ ਅਤੇ 16 ਜ਼ਖਮੀ ਹੋ ਗਏ। ਜਾਣਕਾਰੀ ਅਨੁਸਾਰ ਸੁਰੱਖਿਆ ਬਲਾਂ ਨੇ ਸਾਰੇ ਹਮਲਾਵਰਾਂ ਨੂੰ ਮਾਰ ਮੁਕਾਇਆ ਜਦੋਂਕਿ ਪੁਲਿਸ ਮੌਕੇ 'ਤੇ ਪਹੁੰਚ ਗਈ ਅਤੇ ਬਾਅਦ ਵਿੱਚ ਤਲਾਸ਼ੀ ਮੁਹਿੰਮ ਚਲਾਈ ਗਈ। ਮੁਕਾਬਲਤਨ ਅਣਜਾਣ ਅੱਤਵਾਦੀ ਸੰਗਠਨ ਤਹਿਰੀਕ-ਏ-ਜੇਹਾਦ ਪਾਕਿਸਤਾਨ (ਟੀਜੇਪੀ) ਨੇ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਪਾਕਿਸਤਾਨ ਵਿੱਚ ਹੋਏ ਕੁੱਝ ਵੱਡੇ ਹਮਲਿਆਂ ਪਿੱਛੇ ਇਸ ਅੱਤਵਾਦੀ ਸੰਗਠਨ ਦਾ ਹੱਥ ਰਿਹਾ ਹੈ। ਇਸ ਦੇ ਬੁਲਾਰੇ ਮੁੱਲਾ ਕਾਸਿਮ ਨੇ



ਇਸ ਹਮਲੇ ਨੂੰ ਆਤਮਘਾਤੀ ਮਿਸ਼ਨ (ਫਿਦਾਇਨ ਹਮਲਾ) ਕਰਾਰ ਦਿੱਤਾ। ਹਮਲੇ ਕਾਰਨ ਜ਼ਿਲ੍ਹੇ ਦੇ ਹਸਪਤਾਲਾਂ ਵਿੱਚ ਐਮਰਜੈਂਸੀ ਐਲਾਨ ਕਰ ਦਿੱਤੀ ਗਈ ਸੀ ਜਦੋਂਕਿ ਸਾਰੇ ਸਕੂਲ ਅਤੇ ਕਾਲਜ ਬੰਦ ਕਰ ਦਿੱਤੇ ਗਏ ਸਨ।

# 1200 ਲੋਕਾਂ ਨੂੰ ਖ਼ੁਦਕੁਸ਼ੀ ਲਈ ਉਕਸਾਉਣ ਵਾਲਾ ਕੈਨੇਡਾ ਦਾ ਸ਼ੈੱਫ ਵੇਚਣ ਲੱਗਾ ਜ਼ਹਿਰ, ਸੈਕੇਂਡ ਡਿਗਰੀ ਕਤਲ ਦੇ ਦੋਸ਼

ਓਟਵਾ,12 ਦਸੰਬਰ (ਪੋਸਟ ਬਿਊਰੋ): ਕੈਨੇਡੀਅਨ ਸ਼ੈੱਫ 'ਤੇ 40 ਦੇਸ਼ਾਂ ਦੇ ਲੋਕਾਂ ਨੂੰ ਸੁਸਾਈਡ ਕਿੱਟਾਂ ਵੇਚਣ ਦਾ ਦੋਸ਼ ਹੈ। ਸੋਮਵਾਰ ਨੂੰ ਇਸ ਮਾਮਲੇ 'ਚ ਉਸ 'ਤੇ 14 ਨਵੇਂ ਦੋਸ਼ ਲਗਾਏ ਗਏ ਸਨ। ਏਐਫਪੀ ਮੁਤਾਬਕ ਇਨ੍ਹਾਂ ਵਿੱਚ ਆਤਮ ਹੱਤਿਆ ਲਈ ਉਕਸਾਉਣ ਅਤੇ ਸੈਕੇਂਡ ਡਿਗਰੀ ਦੇ ਕਤਲ ਵਰਗੇ ਦੋਸ਼ ਸ਼ਾਮਿਲ ਹਨ। ਉਸ 'ਤੇ ਪਹਿਲਾਂ ਹੀ 12 ਦੋਸ਼ ਹਨ।



ਕੈਨੇਥ ਲਾਅ ਨੂੰ ਪੁਲਿਸ ਨੇ ਇਸ ਸਾਲ ਮਈ ਵਿੱਚ ਗ੍ਰਿਫ਼ਤਾਰ ਕੀਤਾ ਸੀ। ਅਗਸਤ ਵਿੱਚ, ਕੈਨੇਡਾ ਦੇ ਜ਼ਹਿਰੀਲੇ ਸ਼ੈੱਫ ਵਜੋਂ ਜਾਣੇ ਜਾਂਦੇ ਕੇਨੇਥ ਲਾਅ 'ਤੇ 12 ਨਵੇਂ ਦੋਸ਼ ਲਗਾਏ ਗਏ ਸਨ। ਪੁਲਿਸ ਜਾਂਚ ਤੋਂ ਪਤਾ ਲੱਗਾ ਹੈ ਕਿ ਕੇਨੇਥ ਨੇ ਰਸਾਇਣਕ ਪਦਾਰਥਾਂ ਵਾਲੇ ਕਰੀਬ 1200 ਪੈਕੇਜ ਵੇਚੇ ਸਨ।

ਜਾਂਚ ਤੋਂ ਬਾਅਦ ਬ੍ਰਿਟੇਨ ਦੀ ਨੈਸ਼ਨਲ ਕ੍ਰਾਈਮ ਏਜੰਸੀ ਨੇ ਕਿਹਾ ਕਿ ਉਨ੍ਹਾਂ ਨੇ ਕਰੀਬ 272 ਲੋਕਾਂ ਦੀ ਪਹਿਚਾਣ ਕੀਤੀ ਹੈ, ਜਿਨ੍ਹਾਂ ਨੇ ਪਿਛਲੇ ਦੋ ਸਾਲਾਂ ਵਿਚ ਕੇਨੇਥ ਦਾ ਪੈਕੇਜ ਖਰੀਦਿਆ ਸੀ। ਇਨ੍ਹਾਂ ਵਿਚੋਂ ਕਰੀਬ 88 ਲੋਕਾਂ ਦੀ ਮੌਤ ਹੋ ਚੁੱਕੀ ਹੈ।

ਇਸ ਤੋਂ ਇਲਾਵਾ ਨਿਊਜ਼ੀਲੈਂਡ ਦੀ ਕੋਰੋਨਰ ਕੋਰਟ ਨੇ ਕਿਹਾ ਕਿ ਉਨ੍ਹਾਂ ਨੂੰ ਕੈਨੇਥ ਤੋਂ ਮੌਤ ਨਾਲ ਜੁੜੇ ਅਜਿਹੇ ਕਈ ਮਾਮਲਿਆਂ ਦੀ ਸੂਚੀ ਵੀ ਮਿਲੀ ਹੈ। ਇਨ੍ਹਾਂ ਪੈਕੇਜਾਂ ਨੂੰ ਖਰੀਦਣ ਵਾਲਿਆਂ ਦੇ ਨਾਂ ਅਮਰੀਕਾ, ਇਟਲੀ ਅਤੇ ਆਸਟ੍ਰੇਲੀਆ ਤੋਂ ਵੀ ਸਾਹਮਣੇ ਆਏ ਹਨ।

ਪੁਲਿਸ ਨੂੰ ਕੈਨੇਡਾ ਵਿੱਚ ਦੋ ਅਜਿਹੇ ਮਾਮਲੇ ਮਿਲੇ ਜਿੱਥੇ ਲੋਕਾਂ ਨੇ ਕੇਨੇਥ ਲਾਅ ਦੀ ਇੱਕ ਵੈੱਬਸਾਈਟ ਤੋਂ ਜ਼ਹਿਰੀਲਾ ਪਦਾਰਥ ਖਰੀਦ ਕੇ ਖਾ ਲਿਆ ਅਤੇ ਉਨ੍ਹਾਂ ਦੀ ਮੌਤ ਹੋ ਗਈ। ਮਈ ਵਿੱਚ, ਓਨਟਾਰੀਓ ਪੁਲਿਸ ਨੇ ਇੱਕ ਅਲਰਟ ਜਾਰੀ ਕੀਤਾ ਅਤੇ 5 ਕੰਪਨੀਆਂ ਦੇ ਨਾਮ ਜਾਰੀ ਕੀਤੇ।

ਅਲਰਟ ਵਿਚ ਕਿਹਾ ਗਿਆ ਸੀ ਕਿ ਇਨ੍ਹਾਂ 5 ਕੰਪਨੀਆਂ ਤੋਂ ਕੋਈ ਪੈਕੇਜ ਨਾ ਖਰੀਦਿਆ ਜਾਵੇ। ਇਸ ਦੌਰਾਨ ਪੁਲਸ ਨੇ ਦੱਸਿਆ ਕਿ ਬ੍ਰਿਟੇਨ 'ਚ ਖੁਦਕੁਸ਼ੀ ਕਰਨ ਵਾਲੀ ਔਰਤ ਨੇ ਵੀ ਇਨ੍ਹਾਂ 'ਚੋਂ ਇਕ ਵੈੱਬਸਾਈਟ ਤੋਂ ਪੈਕੇਜ ਖਰੀਦਿਆ ਸੀ। ਰਸਾਇਣਕ ਪਦਾਰਥ ਦੀ ਜਾਂਚ ਵਿੱਚ ਪਾਇਆ ਗਿਆ ਕਿ ਇਹ ਸੋਡੀਅਮ ਨਾਈਟ੍ਰਾਈਟ ਸੀ।

# ਭਾਜਪਾ ਦੇ ਸਾਂਸਦ ਸੰਨੀ ਦਿਓਲ ਦੇ ਲੱਗੇ ਲਾਪਤਾ ਹੋਣ ਦੇ ਪੋਸਟਰ, ਲੱਭਣ ਵਾਲੇ ਲਈ ਰੱਖਿਆ ਇਨਾਮ

ਗੁਰਦਾਸਪੁਰ, 12 ਦਸੰਬਰ (ਪੋਸਟ ਬਿਊਰੋ): ਪਠਾਨਕੋਟ ਵਿਚ ਬਾਲੀਵੁੱਡ ਅਦਾਕਾਰ ਅਤੇ ਗੁਰਦਾਸਪੁਰ ਤੋਂ ਭਾਜਪਾ ਸੰਸਦ ਮੈਂਬਰ ਸੰਨੀ ਦਿਓਲ ਦੇ ਲਾਪਤਾ ਪੋਸਟਰ ਲੱਗੇ ਹਨ। ਇਨ੍ਹਾਂ ਪੋਸਟਰਾਂ ‘ਚ ਸੰਨੀ ਦਿਓਲ ਨੂੰ ਲੱਭਣ ਵਾਲੇ ਲਈ 50 ਹਜ਼ਾਰ ਰੁਪਏ ਦਾ ਇਨਾਮ ਵੀ ਰੱਖਿਆ ਗਿਆ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਸੰਸਦ ਮੈਂਬਰ ਬਣਨ ਤੋਂ ਬਾਅਦ ਉਨ੍ਹਾਂ ਨੂੰ ਇੱਥੇ ਨਹੀਂ ਦੇਖਿਆ ਅਤੇ ਨਾ ਹੀ ਉਨ੍ਹਾਂ ਨੇ ਇੱਥੇ ਕੋਈ ਕੰਮ ਨਹੀਂ ਕਰਵਾਇਆ।

ਲੋਕਾਂ ਦਾ ਕਹਿਣਾ ਹੈ ਕਿ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਕਿਸੇ ਵੀ ਪਾਰਟੀ ਨੇ ਅਜਿਹੇ ਲੋਕਾਂ ਨੂੰ ਟਿਕਟ





ਨਹੀਂ ਦੇਣੀ ਚਾਹੀਦੀ ਜਿਸ ਨੂੰ ਲੋਕਾਂ ਦੀ ਪ੍ਰਵਾਹ ਨਾ ਹੋਵੇ। ਲੋਕਾਂ ਨੇ ਸੰਨੀ ਦਿਓਲ ‘ਤੇ ਜਨਤਾ ਨੂੰ ਮੂਰਖ ਬਣਾ ਕੇ ਜਿੱਤ ਹਾਸਲ ਕਰਨ ਦਾ ਦੋਸ਼ ਲਗਾਇਆ। ਲੋਕਾਂ ਨੇ ਵਿਅੰਗ ਕਰਦਿਆਂ ਕਿਹਾ ਕਿ ਜੋ ਵੀ ਭਾਜਪਾ ਦੇ ਸੰਸਦ ਮੈਂਬਰ ਸੰਨੀ ਦਿਓਲ ਨੂੰ ਲੱਭ ਕੇ ਵਾਪਿਸ ਲਿਆਵੇਗਾ, ਇਲਾਕੇ ਦੇ ਲੋਕ ਉਸ ਨੂੰ 50 ਹਜ਼ਾਰ ਰੁਪਏ ਦਾ ਇਨਾਮ ਦੇਣਗੇ।

ਲੋਕਾਂ ਨੇ ਬੱਸ ਸਟੈਂਡ ਅਤੇ ਹੋਰ ਕਈ ਥਾਵਾਂ ‘ਤੇ ਰਾਹਗੀਰਾਂ ਨੂੰ ਸੰਨੀ ਦਿਓਲ ਦੇ ਲਾਪਤਾ ਹੋਣ ਦੇ ਪੋਸਟਰ ਵੰਡੇ। ਉਨ੍ਹਾਂ ਇਹ ਪੋਸਟਰ ਪਠਾਨਕੋਟ ਬੱਸ ਸਟੈਂਡ ਤੋਂ ਨਿਕਲਣ ਵਾਲੀਆਂ ਬੱਸਾਂ ’ਤੇ ਵੀ ਚਿਪਕਾਏ। ਲੋਕ ਚਾਹੁੰਦੇ ਹਨ ਕਿ ਉਨ੍ਹਾਂ ਦੀ ਗੱਲ ਉਨ੍ਹਾਂ ਦੇ ਸੰਸਦ ਮੈਂਬਰ ਤੱਕ ਪਹੁੰਚੇ। ਇਸ ਤੋਂ ਪਹਿਲਾਂ ਵੀ ਸੁਜਾਨਪੁਰ ਇਲਾਕੇ ਵਿੱਚ ਸੰਨੀ ਦਿਓਲ ਦੇ ਲਾਪਤਾ ਹੋਣ ਸਬੰਧੀ ਪੋਸਟਰ ਲਾਏ ਗਏ ਸਨ। ਲੋਕਾਂ ਵਿੱਚ ਇਸ ਗੱਲ ਤੋਂ ਵੀ ਗੁੱਸਾ ਹੈ ਕਿ ਇਸ ਸਭ ਦੇ ਬਾਅਦ ਵੀ ਭਾਜਪਾ ਦੇ ਸੰਸਦ ਮੈਂਬਰ ਨੇ ਉਨ੍ਹਾਂ ਦਾ ਦਰਦ ਸੁਣਨ ਦੀ ਕੋਸ਼ਿਸ਼ ਨਹੀਂ ਕੀਤੀ। ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਸੰਨੀ ਕਦੇ ਵੀ ਆਪਣੇ ਲੋਕ ਸਭਾ ਹਲਕੇ ਵਿੱਚ ਨਹੀਂ ਆਏ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ ‘ਨਾਂਹ’, ਅਸੀਂ ਕਰਾਂਗੇ ‘ਹਾਂ’
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਸਿਨਸਿਨੈਟੀ ਵਿਖੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਜਾਇਆ ਗਿਆ ਨਗਰ ਕੀਰਤਨ

ਸਿਨਸਿਨੈਟੀ, ਓਹਾਇਓ, 12 ਦਸੰਬਰ (ਪੋਸਟ ਬਿਊਰੋ): ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਸਾਹਿਬ ਜੀ ਦਾ 554ਵਾਂ ਪ੍ਰਕਾਸ਼ ਪੁਰਬ ਅਮਰੀਕਾ ਦੇ ਸੂਬੇ ਓਹਾਇਓ ਦੇ ਸ਼ਹਿਰ ਸਿਨਸਿਨੈਟੀ ਵਿਖੇ ਗੁਰਦੁਆਰਾ ਗੁਰੂ ਨਾਨਕ ਸੋਸਾਇਟੀ ਆਫ ਗ੍ਰੇਟਰ ਸਿਨਸਿਨੈਟੀ ਦੀ ਸਮੂਹ ਸਾਧ ਸੰਗਤ ਵਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।

ਗੁਰਪੁਰਬ ਦੇ ਸੰਬੰਧ ਵਿੱਚ ਤਿੰਨ ਦਿਨਾਂ ਵਿਸ਼ੇਸ਼ ਕੀਰਤਨ ਦਰਬਾਰ ਸਜਾਏ ਗਏ ਜਿਸ ਵਿੱਚ ਕੈਲੀਫੋਰਨੀਆਂ ਤੋਂ ਆਏ ਭਾਈ ਮਨਬੀਰ ਸਿੰਘ, ਭਾਈ ਗੁਰਵਿੰਦਰ ਸਿੰਘ ਅਤੇ ਭਾਈ ਗੁਰਚਰਨ ਸਿੰਘ ਜੀ ਦੇ ਜੱਥੇ ਨੇ ਗੁਰੂ ਸਾਹਿਬ ਦੇ ਵੇਲੇ ਦੇ ਤੰਤੀ ਸਾਜ਼ ਰਬਾਬ ਅਤੇ ਦਿਲਰੁਬਾ ਨਾਲ ਸ਼ਬਦ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਅਖੀਰਲੇ ਦਿਨ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੰਗਤਾਂ ਰੱਸ ਭਿੰਨੇ ਕੀਰਤਨ ਵਿੱਚ ਇਹਨੀਆਂ ਲੀਨ ਹੋ ਗਈਆਂ ਕਿ ਭਾਈ ਮਨਬੀਰ ਸਿੰਘ ਜੀ ਇਹਨਾਂ ਸਾਜ਼ਾਂ ਨਾਲ 2 ਘੰਟੇ ਤੋਂ ਵੀ ਵੱਧ ਸਮੇਂ ਲਈ ਕੀਰਤਨ ਕਰਦੇ ਰਹੇ।

ਇਹਨਾਂ ਸਮਾਗਮਾਂ ਦੋਰਾਨ ਇਹਨਾਂ ਸਾਜ਼ਾਂ ਦੀ ਸੰਗਤ, ਖਾਸਕਰ ਬੱਚਿਆਂ ਨੂੰ ਸਿੱਖਿਆ ਦੇਣ ਲਈ ਵਰਕਸ਼ਾਪ ਦਾ ਵੀ ਪ੍ਰਬੰਧ ਕੀਤਾ ਗਿਆ। ਇਸ ਵਿੱਚ ਜੱਥੇ ਨੇ ਇਹਨਾਂ ਸਾਜ਼ਾਂ ਦੀ ਮਹੱਤਤਾ, ਇਹਨਾਂ ਨੂੰ ਕਿਵੇਂ ਵਜਾਉਣਾ ਹੈ ਬਾਰੇ ਜਾਣਕਾਰੀ ਦਿੱਤੀ।

ਸਮਾਗਮਾਂ ਦੇ ਦੂਜੇ ਦਿਨ ਨਿਸ਼ਾਨ ਸਾਹਿਬ ਦੀ ਸੇਵਾ ਉਪਰੰਤ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆ ਦੀ ਅਗਵਾਈ ਹੇਠ ਨਗਰ ਕੀਰਤਨ ਵੀ ਸਜਾਏ ਗਏ। ਨਗਰ ਕੀਰਤਨ ਗੁਰਦੁਆਰਾ ਸਾਹਿਬ ਦੇ ਨਾਲ ਲਗਦੀਆਂ ਕਈ ਰਿਹਾਸ਼ੀ ਅਬਾਦੀਆਂ ਵਿੱਚੋਂ ਦੀ ਲੰਗਿਆ। ਰਸਤੇ ਵਿੱਚ ਇਹਨਾਂ ਅਬਾਦੀਆਂ ਵਿੱਚ ਰਹਿੰਦੀਆਂ ਸਿੱਖ ਸੰਗਤਾਂ ਵਲੋਂ ਗਰਮ ਦੁੱਧ, ਪਾਣੀ, ਫਲਾਂ ਆਦਿ ਦੇ ਲੰਗਰ ਵੀ ਸੰਗਤਾਂ ਨੂੰ ਵਰਤਾਏ ਗਏ। ਅਮਰੀਕਨਾਂ ਨੇ ਵੀ ਆਪਣੇ ਘਰਾਂ ਦੇ ਬਾਹਰ ਆ ਕੇ ਸਿੱਖ ਸੰਗਤ ਨੂੰ ਗੁਰਪੁਰਬ ਦੀ ਵਧਾਈ ਦਿੱਤੀ। ਇਸ ਨਾਲ ਉਹਨਾਂ ਨੂੰ ਵੀ ਸਿੱਖਾਂ ਬਾਰੇ ਜਾਣਕਾਰੀ ਮਿਲੀ।

ਸਰਦੀ ਹੋਣ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਸਿਨਸਿਨੈਟੀ ਦੇ ਨਾਲ ਲੱਗਦੇ ਸ਼ਹਿਰ ਡੇਟਨ, ਅਤੇ ਕੈਨਟੱਕੀ ਸੂਬੇ ਤੋਂ ਵੀ ਸੰਗਤਾਂ ਇਸ ਵਿੱਚ ਸ਼ਾਮਲ ਹੋਈਆਂ। ਇਸ ਦੋਰਾਨ ਤਿੰਨੋ ਦਿਨ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ। ਪ੍ਰਬੰਧਕ ਕਮੇਟੀ ਨੇ ਇਹਨਾਂ ਵਿਸ਼ੇਸ਼ ਸਮਾਗਮਾਂ ਲਈ ਸੇਵਾਦਾਰਾਂ, ਸੰਗਤ ਅਤੇ ਨਗਰ ਕੀਰਤਨ ਦੋਰਾਨ ਆਪਣੀਆਂ ਸੇਵਾਵਾਂ ਦੇਣ ਲਈ ਵੈਸਟ ਚੈਸਟਰ ਪੁਲਿਸ ਦਾ ਧੰਨਵਾਦ ਕੀਤਾ।







# ਗਿਆਨ ਜੋਤੀ ਗਲੋਬਲ ਸਕੂਲ ਵਿਖੇ ਸਾਲਾਨਾ ਜੂਨੀਅਰ ਖੇਡ ਦਿਹਾੜੇ ਦਾ ਆਯੋਜਨ




ਮੋਹਾਲੀ, 12 ਦਸੰਬਰ (ਪੋਸਟ ਬਿਊਰੋ): ਬੀਤੇ ਦਿਨ ਗਿਆਨ ਜੋਤੀ ਗਲੋਬਲ ਸਕੂਲ, ਫ਼ੇਜ਼ 2 ਵਿਚ ਜੂਨੀਅਰ ਬੱਚਿਆਂ ਲਈ ਸਾਲਾਨਾ ਖੇਡ ਦਿਹਾੜੇ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਛੋਟੇ-ਛੋਟੇ ਬੱਚਿਆ ਨੇ ਬਹੁਤ ਵੀ ਉਤਸ਼ਾਹ ਦੇ ਨਾਲ ਇਸ ਖੇਡ ਵਿਚ ਹਿੱਸਾ ਲਿਆ। ਇਸ ਖੇਡ ਦਿਵਸ ਦੇ ਦੌਰਾਨ ਸਕੂਪ ਟੌਸ, ਗੇਂਦ ਨੂੰ ਪਾਸ ਕਰਨਾ, ਹਾਕੀ ਡ੍ਰਿੱਲ ਦੌੜ, ਕਲੌਸ ਰੇਸ, ਫਲੈਗ ਰੇਸ, ਹੂਪ ’ਤੇ ਬਾਲ ਰੇਸ, ਹਰਡਲ ਮਾਸਕ ਰੇਸ, ਕਰਾਸ ਰਿਵਰ ਰੇਸ, ਰੈਕਟ ਬਾਲ ਰੇਸ ਅਤੇ ਫ੍ਰੀਸਬੀ ’ਤੇ ਬਾਲ ਰੇਸ, ਕੰਗਾਰੂ ਰੇਸ, ਬੈਲੇਂਸ ਮਾਸਟਰ, ਪਿੱਕ ਐਂਡ ਡਰਾਪ ਹਾਕੀ ’ਤੇ ਬਾਲ ਰੇਸ ਵਰਗੀ ਖੇਲ੍ਹਾਂ ਦਾ ਆਯੋਜਨ ਕੀਤਾ ਗਿਆ ਸੀ। ਸਕੂਲ ਦੇ ਪੰਜਾਹ ਸਾਲ ਪੂਰੇ ਹੋਣ ਕਰਕੇ ਇਸ ਸਾਲ ਦਾ ਸਾਲਾਨਾ ਜੂਨੀਅਰ ਖੇਡ ਦਿਹਾੜਾ ਵਿਲੱਖਣ ਤਰੀਕੇ ਨਾਲ ਮਨਾਇਆ ਗਿਆ। ਇਸ ਖੇਡ ਦਿਵਸ ਦਾ ਉਦਘਾਟਨ ਗਿਆਨ ਜੋਤੀ ਗਰੁੱਪ ਦੇ ਚੇਅਰਮੈਨ ਜੇ ਐੱਸ ਬੇਦੀ ਅਤੇ ਸੰਸਥਾਪਕ ਡਾਇਰੈਕਟਰ ਪ੍ਰਿੰਸੀਪਲ ਰਣਜੀਤ ਬੇਦੀ ਵੱਲੋਂ ਗਿਆਨ ਜੋਤੀ ਗਲੋਬਲ ਸਕੂਲ ਦੇ ਗੀਤ ਨਾਲ ਸਕੂਲ ਦਾ ਝੰਡਾ ਲਹਿਰਾ ਕੇ ਕੀਤਾ।



ਪ੍ਰਿੰਸੀਪਲ ਗਿਆਨ ਜੋਤ ਨੇ ਹਾਜ਼ਰ ਮਾਪਿਆਂ ਨੂੰ ਜੀ ਆਇਆਂ ਕਹਿੰਦੇ ਹੋਏ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਉਨ੍ਹਾਂ ਨੂੰ ਟੀਮ ਭਾਵਨਾ ਦਿਖਾਉਣ ਦੀ ਅਪੀਲ ਕੀਤੀ।ਨਰਸਰੀ ਕਲਾਸ ਦੇ ਵਿਦਿਆਰਥੀਆਂ ਨੇ ਸਫ਼ੈਦ ਗਿਆਨ ਜੋਤੀ ਗੋਲਡਨ ਜੁਬਲੀ ਟੀ-ਸ਼ਰਟਾਂ ਅਤੇ ਹੱਥਾਂ ਵਿਚ ਰੰਗਦਾਰ ਪੋਮਪੋਮ ਪਹਿਨੇ ਮਾਪਿਆਂ ਲਈ ਸੰਗੀਤਕ ਡਾਂਸ ਪੇਸ਼ਕਾਰੀ ਦਿਤੀ। ਇਸ ਦੇ ਨਾਲ ਹੀ ਅੰਬਰੇਲਾ ਡਰਿੱਲ ਅਤੇ ਬਾਲ ਡਰਿੱਲ ਵਿਚ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਦੇ ਨਾਲ ਹੀ ਇਸ ਖੇਡ ਮੇਲੇ ਦੌਰਾਨ ਮਾਪਿਆਂ ਅਤੇ ਅਧਿਆਪਕਾਂ ਨਾਲ ਮਜ਼ੇਦਾਰ ਗਤੀਵਿਧੀਆਂ ਨੇ ਮਾਹੌਲ ਨੂੰ ਹੋਰ ਖ਼ੁਸ਼ਨੁਮਾ ਬਣਾ ਦਿਤਾ।

ਨਰਸਰੀ ਦੀ ਪਿਕ ਰਨ ਬਾਲ ਰੇਸ ਵਿਚ ਕਾਰਤਿਕ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਨਿਤਿਨ ਅਤੇ ਅਨਾਹਦ ਵੀਰ ਦੂਜੇ ਅਤੇ ਤੀਜੇ ਸਥਾਨ ’ਤੇ ਰਹੇ। ਜਦ ਕਿ ਲੜਕੀਆਂ ਦੀ ਨਰਸਰੀ ਪਿਕ ਰਨ ਬਾਲ ਰੇਸ ਵਰਗ ਵਿਚ ਰਵਨੀਤ, ਅਵਿਨਾਸ਼ ਅਤੇ ਅਸ਼ਵੀ ਪਹਿਲੇ, ਦੂਜੇ ਅਤੇ ਤੀਜੇ ਸਥਾਨ ’ਤੇ ਰਹੇ। ਮੁੰਡਿਆਂ ਦੀ 50 ਮੀਟਰ ਦੌੜ ਵਿਚ ਵੇਦਾਂਸ਼, ਸ਼ਿਵਾਂਸ਼ ਅਤੇ ਆਰਵ ਪਹਿਲੇ, ਦੂਜੇ ਅਤੇ ਤੀਜੇ ਸਥਾਨ ’ਤੇ ਰਹੇ। ਇਸੇ ਤਰਾਂ ਲੜਕੀਆਂ ਵਿਚ 50 ਮੀ. ਲੜਕੀਆਂ ਦੇ ਵਰਗ ਵਿਚ ਮਨਰੀਤ, ਅਨੀਕਾ ਅਤੇ ਸ਼੍ਰੇਆ ਨੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਮੁੰਡਿਆਂ ਦੀ ਅੜਿੱਕਾ ਦੌੜ ਵਿਚ ਦਰਸ਼ੀਲ, ਆਰੀਅਨ ਅਤੇ ਸ਼ਿਵਾਂਸ਼ ਪਹਿਲੇ, ਦੂਜੇ ਅਤੇ ਤੀਜੇ ਸਥਾਨ ’ਤੇ ਰਹੇ। ਲੜਕੀਆਂ ਦੀ ਅੜਿੱਕਾ ਦੌੜ ਵਿਚ ਕਿਮਿਸ਼ਾ, ਸੈਯਾਨ ਅਤੇ ਹਰਕੀਰਤ ਅਤੇ ਆਰਾਧਿਆ ਨੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ।



ਇਸ ਦੌਰਾਨ ਮਾਪਿਆਂ ਨੂੰ ਆਪਣੀ ਫਿਟਨੈੱਸ ਪਰਖਣ ਅਤੇ ਸਪੋਰਟਸ ਈਵੈਂਟ ਦੀ ਭਾਵਨਾ ਦਾ ਆਨੰਦ ਲੈਣ ਦਾ ਮੌਕਾ ਵੀ ਦਿੱਤਾ ਗਿਆ। 100 ਮੀਟਰ ਪਿਤਾ ਦੀ ਦੌੜ ਵਿਚ ਪਰਵਿੰਦਰ ਸਿੰਘ ਪਹਿਲੇ ਸਥਾਨ ’ਤੇ, ਜਦਕਿ ਰੋਹਿਤ ਅਤੇ ਜਤਿੰਦਰ ਦੂਜੇ ਅਤੇ ਤੀਜੇ ਸਥਾਨ ’ਤੇ ਰਹੇ। ਮਾਤਾਵਾਂ ਦੀ 50 ਮੀਟਰ ਦੌੜ ਵਿਚ ਸ਼੍ਰੀਮਤੀ ਸੋਨਾ, ਸ਼੍ਰੀਮਤੀ ਖਿਜ਼ਰਾ ਅਤੇ ਸ਼੍ਰੀਮਤੀ ਸੋਨੂੰ ਪਹਿਲੇ, ਦੂਜੇ ਅਤੇ ਤੀਜੇ ਸਥਾਨ ’ਤੇ ਰਹੇ। ਜੇਤੂਆਂ ਨੂੰ ਇਨਾਮਾਂ ਦੀ ਵੰਡ ਕਰਦਿਆਂ ਚੇਅਰਮੈਨ ਜੇ.ਐੱਸ ਬੇਦੀ ਨੇ ਕਿਹਾ ਕਿ ਸਰੀਰਕ ਗਤੀਵਿਧੀਆਂ ਲਈ ਖੇਲ੍ਹਾਂ ਦਾ ਬਹੁਤ ਮਹੱਤਵ ਹੈ। ਉਨ੍ਹਾਂ ਕਿਹਾ ਕਿ ਖੇਡ ਤੰਦਰੁਸਤ ਸਰੀਰ ਤਿਆਰ ਕਰਦੀਆਂ ਹਨ। ਉਨ੍ਹਾਂ ਅਨੁਸਾਰ ਖੇਡ ਬੱਚਿਆ ਦੇ ਵਿਕਾਸ ਲਈ ਸਹਾਇਕ ਹੁੰਦਾ ਹੈ।

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO • HOME • TRUCK • BUSINESS • LIFE • MEDICAL
ਪਾਸਪੋਰਟ / ਵੀਜ਼ਾ
* ੳ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.
Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779
Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com


# ਲਾੜਾ ਸ਼ਰਾਬ ਪੀ ਕੇ ਵਿਆਹ ਦੀ ਬਰਾਤ ਲੈ ਕੇ ਲਾੜੀ ਦੇ ਘਰ ਪਹੁੰਚਿਆ, ਲਾੜੀ ਨੇ ਤੋੜਿਆ ਵਿਆਹ, ਬਾਰਾਤ ਬੇਰੰਗ ਮੁੜੀ



ਮੈਨਪੁਰੀ, 12 ਦਸੰਬਰ (ਪੋਸਟ ਬਿਊਰੋ): ਉੱਤਰ ਪ੍ਰਦੇਸ਼ ਦੇ ਮੈਨਪੁਰੀ ਜ਼ਿਲ੍ਹੇ ਤੋਂ ਇੱਕ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ। ਇੱਥੇ ਵਿਆਹ ਦੀ ਬਾਰਾਤ ਵਿਚ ਲਾੜੇ ਨੇ ਡੀਜੇ 'ਤੇ ਇਸ ਤਰ੍ਹਾਂ ਡਾਂਸ ਕੀਤਾ ਕਿ ਉਨ੍ਹਾਂ ਦਾ ਵਿਆਹ ਟੁੱਟ ਗਿਆ। ਜਦੋਂ ਲਾੜੀ ਨੇ ਲਾੜੇ ਨੂੰ ਨੱਚਦੇ ਹੋਏ ਦੇਖਿਆ ਤਾਂ ਉਸ ਨੇ ਤੁਰੰਤ ਉਸ ਨਾਲ ਵਿਆਹ ਕਰਨ ਤੋਂ ਇਨਕਾਰ ਕਰ ਦਿੱਤਾ। ਦਰਅਸਲ, ਲਾੜਾ ਸ਼ਰਾਬ ਪੀ ਕੇ ਵਿਆਹ ਦੀ ਬਰਾਤ ਲੈ ਕੇ ਲਾੜੀ ਦੇ ਘਰ ਪਹੁੰਚਿਆ ਸੀ। ਇੰਨਾ ਹੀ ਨਹੀਂ ਲਾੜੇ ਦੇ ਪਿਤਾ ਨੇ ਵੀ ਸ਼ਰਾਬ ਪੀਤੀ ਹੋਈ ਸੀ। ਜਦੋਂ ਲਾੜੀ ਨੂੰ ਇਸ ਗੱਲ ਦਾ ਪਤਾ ਲੱਗਾ ਤਾਂ ਉਸ ਨੇ ਵਿਆਹ ਕਰਨ ਤੋਂ ਇਨਕਾਰ ਕਰ ਦਿੱਤਾ। ਲਾੜੀ ਵੱਲੋਂ ਵਿਆਹ ਤੋਂ ਇਨਕਾਰ ਕਰਨ ਤੋਂ ਬਾਅਦ ਦੋਵਾਂ ਧਿਰਾਂ ਵਿਚਾਲੇ ਕਾਫੀ ਗੱਲਬਾਤ ਹੋਈ ਅਤੇ ਪੰਚਾਇਤ ਪਹੁੰਚੀ, ਪਰ ਕੁਝ ਹੱਲ ਨਹੀਂ ਨਿਕਲਿਆ। ਅਖੀਰ ਬਾਰਾਤ ਨੂੰ ਬੇਰੰਗ ਪਰਤਣਾ ਪਿਆ।

ਦੱਸ ਦੇਈਏ ਕਿ ਇਹ ਸਾਰਾ ਮਾਮਲਾ ਮੈਨਪੁਰੀ ਦੇ ਕਰਹਲ ਥਾਣਾ ਖੇਤਰ ਦੇ ਪਿੰਡ ਗੰਭੀਰ ਦਾ ਹੈ। ਗੰਭੀਰਾ ਪਿੰਡ ਦੇ ਰਹਿਣ ਵਾਲੇ ਬ੍ਰਜੇਸ਼ ਦੀ ਬੇਟੀ ਦੇ ਵਿਆਹ ਦੀ ਬਾਰਾਤ ਇੱਥੇ ਆਇਆ ਹੋਇਆ ਸੀ। ਜਦੋਂ ਬਾਰਾਤ ਪਹੁੰਚੀ ਤਾਂ ਲੜਕੀ ਵਾਲੇ ਪਾਸੇ ਦੇ ਲੋਕਾਂ ਨੇ ਉਨ੍ਹਾਂ ਦਾ ਬੜੇ ਆਦਰ ਨਾਲ ਸਨਮਾਨ ਕੀਤਾ। ਸਭ ਕੁਝ ਠੀਕ ਚੱਲ ਰਿਹਾ ਸੀ। ਕੁਝ ਸਮੇਂ ਬਾਅਦ ਵਿਆਹ ਦੀਆਂ ਰਸਮਾਂ ਵੀ ਸ਼ੁਰੂ ਹੋ ਗਈਆਂ। ਇਸ ਦੌਰਾਨ ਜੈਮਾਲਾ ਪ੍ਰੋਗਰਾਮ ਹੋਣਾ ਸੀ। ਜੈਮਾਲਾ ਪ੍ਰੋਗਰਾਮ ਤੋਂ ਪਹਿਲਾਂ ਲਾੜਾ ਆਪਣੇ ਦੋਸਤਾਂ ਨਾਲ ਡੀਜੇ 'ਤੇ ਡਾਂਸ ਕਰਨ ਪਹੁੰਚ ਗਿਆ। ਇਸ ਦੌਰਾਨ ਲਾੜੇ ਅਤੇ ਉਸਦੇ ਦੋਸਤਾਂ ਨੇ ਡੀਜੇ 'ਤੇ ਜ਼ੋਰਦਾਰ ਨੱਚਿਆ। ਇਸ ਦੌਰਾਨ ਲਾੜੀ ਨੇ ਲਾੜੇ ਦਾ ਡਾਂਸ ਵੀ ਦੇਖਿਆ ਪਰ ਲਾੜੇ ਦਾ ਡਾਂਸ ਦੇਖ ਕੇ ਲਾੜੀ ਨੂੰ ਕੁਝ ਵੀ ਠੀਕ ਨਹੀਂ ਲੱਗਾ।

ਜਦੋਂ ਲਾੜੀ ਨੂੰ ਲਾੜੇ 'ਤੇ ਸ਼ਰਾਬ ਪੀਣ ਦਾ ਸ਼ੱਕ ਹੋਇਆ ਤਾਂ ਉਸ ਨੇ ਪਰਿਵਾਰਕ ਮੈਂਬਰਾਂ ਨੂੰ ਜਾਂਚ ਕਰਨ ਲਈ ਕਿਹਾ। ਇਸ ਤੋਂ ਬਾਅਦ ਜਦੋਂ ਪੁੱਛਗਿੱਛ ਕੀਤੀ ਗਈ ਤਾਂ ਪਤਾ ਲੱਗਾ ਕਿ ਲਾੜੇ ਨੇ ਸ਼ਰਾਬ ਪੀਤੀ ਹੋਈ ਸੀ। ਲਾੜਾ ਸ਼ਰਾਬ ਦੇ ਨਸ਼ੇ 'ਚ ਡੀਜੇ ਦੀਆਂ ਧੁਨਾਂ 'ਤੇ ਨੱਚ ਰਿਹਾ ਸੀ। ਇਹ ਵੀ ਖੁਲਾਸਾ ਹੋਇਆ ਕਿ ਲਾੜੇ ਦਾ ਪਿਤਾ ਵੀ ਸ਼ਰਾਬ ਦੇ ਨਸ਼ੇ 'ਚ ਸੀ। ਇਸ ਗੱਲ ਦਾ ਪਤਾ ਲੱਗਦਿਆਂ ਹੀ ਵਿਆਹ ਟੁੱਟ ਗਿਆ। ਲਾੜੀ ਨੇ ਕਿਸੇ ਵੀ ਕੀਮਤ 'ਤੇ ਵਿਆਹ ਨਾ ਕਰਵਾਉਣ ਦਾ ਫੈਸਲਾ ਕੀਤਾ। ਇਸ ਬਾਰੇ ਜਦੋਂ ਪਰਿਵਾਰਕ ਮੈਂਬਰਾਂ ਨੂੰ ਪਤਾ ਲੱਗਾ ਤਾਂ ਦੋਵਾਂ ਧਿਰਾਂ ਵਿੱਚ ਆਪਸੀ ਰੰਜਿਸ਼ ਸ਼ੁਰੂ ਹੋ ਗਈ। ਦੋਵਾਂ ਪਾਸਿਆਂ ਦੀ ਪੰਚਾਇਤ ਵੀ ਹੋਈ। ਇਸ ਦੌਰਾਨ ਲਾੜੀ ਵਿਆਹ ਨਾ ਕਰਵਾਉਣ ਦੀ ਆਪਣੀ ਜ਼ਿੱਦ 'ਤੇ ਅੜੀ ਰਹੀ। ਲਾੜੀ ਨੇ ਵਿਆਹ ਤੋਂ ਸਾਫ਼ ਇਨਕਾਰ ਕਰ ਦਿੱਤਾ। ਇਸ ਤੋਂ ਬਾਅਦ ਲਾੜੀ ਤੋਂ ਬਿਨ੍ਹਾਂ ਬੇਰੰਗ ਪਰਤ ਗਈ।

# ਲੜਕਾ ਆਪਣੀ ਪ੍ਰੇਮਿਕਾ ਨਾਲ ਭੱਜ ਗਿਆ, ਲੜਕੀ ਵਾਲਿਆਂ ਨੇ ਲੜਕੇ ਦੀ ਮਾਂ ਨੂੰ ਬਿਨ੍ਹਾਂ ਕੱਪੜੇ ਪਿੰਡ ਵਿਚ ਘੁਮਾਇਆ, ਬਿਜਲੀ ਦੇ ਖੰਭੇ ਨਾਲ ਬੰਨ੍ਹਕੇ ਕੀਤੀ ਕੁੱਟਮਾਰ



ਬੇਲਗਾਵੀ, 12 ਦਸੰਬਰ (ਪੋਸਟ ਬਿਊਰੋ): ਕਰਨਾਟਕ ਦੇ ਬੇਲਗਾਵੀ ਜ਼ਿਲ੍ਹੇ ਤੋਂ ਮਨੁੱਖਤਾ ਨੂੰ ਸ਼ਰਮਸਾਰ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਜ਼ਿਲ੍ਹੇ ਦੇ ਵਾਂਤਾਮੁਰੀ ਪਿੰਡ ਵਿੱਚ ਇੱਕ 42 ਸਾਲਾ ਔਰਤ ਨੂੰ ਨਿਰਬਸਤਰ ਕਰ ਕੇ ਘੁੰਮਾਇਆ ਗਿਆ ਅਤੇ ਬਿਜਲੀ ਦੇ ਖੰਭੇ ਨਾਲ ਬੰਨ੍ਹ ਕੇ ਕੁੱਟਮਾਰ ਕੀਤੀ ਗਈ। ਕਾਰਨ ਇਹ ਸੀ ਕਿ ਪੀੜਤਾ ਦਾ ਲੜਕਾ ਆਪਣੀ ਪ੍ਰੇਮਿਕਾ ਨਾਲ ਪਿੰਡ ਤੋਂ ਭੱਜ ਗਿਆ ਸੀ, ਜਿਸ ਤੋਂ ਬਾਅਦ ਲੜਕੀ ਦੇ ਪਰਿਵਾਰ ਵਾਲਿਆਂ ਨੇ ਲੜਕੇ ਦੀ ਮਾਂ ਨਾਲ ਮਿਲ ਕੇ ਇਸ ਵਾਰਦਾਤ ਨੂੰ ਅੰਜ਼ਾਮ ਦਿੱਤਾ। ਘਟਨਾ ਸੋਮਵਾਰ ਦੀ ਦੱਸੀ ਜਾ ਰਹੀ ਹੈ। ਘਟਨਾ ਦੀ ਸੂਚਨਾ ਮਿਲਣ 'ਤੇ ਬੇਲਗਾਵੀ ਪੁਲਸ ਮੌਕੇ 'ਤੇ ਪਹੁੰਚ ਗਈ।

ਪੁਲਸ ਮੁਤਾਬਕ ਲੜਕੀ ਦੇ ਪਰਿਵਾਰ ਵਾਲਿਆਂ ਨੇ ਉਸ ਦੀ ਮਰਜ਼ੀ ਦੇ ਖਿਲਾਫ ਉਸ ਦਾ ਵਿਆਹ ਕਿਤੇ ਹੋਰ ਕਰਵਾਇਆ ਸੀ। ਲੜਕੀ ਦੀ ਮੰਗਣੀ ਸੋਮਵਾਰ ਨੂੰ ਹੋਣੀ ਸੀ ਪਰ ਇਸ ਤੋਂ ਠੀਕ ਪਹਿਲਾਂ ਐਤਵਾਰ ਅੱਧੀ ਰਾਤ ਨੂੰ ਲੜਕੀ ਆਪਣੇ ਪ੍ਰੇਮੀ ਅਤੇ ਪੀੜਤ ਲੜਕੇ ਸਮੇਤ ਪਿੰਡੋਂ ਭੱਜ ਗਈ। ਇਸ ਘਟਨਾ ਤੋਂ ਨਾਰਾਜ਼ ਲੜਕੀ ਦੇ ਪਰਿਵਾਰ ਵਾਲੇ ਪੀੜਤਾ ਦੇ ਘਰ ਪਹੁੰਚ ਗਏ। ਪੀੜਤਾ ਦਾ ਪਤੀ ਟਰੱਕ ਡਰਾਈਵਰ ਹੈ ਅਤੇ ਘਟਨਾ ਦੇ ਸਮੇਂ ਪੁਣੇ 'ਚ ਸੀ। ਪੁਲਸ ਮੁਤਾਬਕ ਕਰੀਬ 12 ਲੋਕ ਪੀੜਤਾ ਦੇ ਘਰ 'ਚ ਦਾਖਲ ਹੋਏ ਅਤੇ ਉਸ 'ਚ ਭੰਨ-ਤੋੜ ਕੀਤੀ ਅਤੇ ਫਿਰ ਪੀੜਤਾ ਨੂੰ ਘਰ 'ਚੋਂ ਬਾਹਰ ਕੱਢ ਕੇ ਉਸ ਦੇ 'ਤੇ ਕੱਪੜੇ ਉਤਾਰ ਦਿੱਤੇ।

ਪੁਲਸ ਨੇ ਅੱਗੇ ਦੱਸਿਆ ਕਿ ਇਸ ਤੋਂ ਬਾਅਦ ਲੜਕੇ ਦੀ ਮਾਂ ਨੂੰ ਬਿਜਲੀ ਦੇ ਖੰਭੇ ਨਾਲ ਬੰਨ੍ਹ ਕੇ ਕੁੱਟਿਆ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਹਰਕਤ ਵਿਚ ਆ ਗਈ ਅਤੇ ਹੁਣ ਤੱਕ ਪੁਲਸ ਨੇ ਔਰਤ ਨਾਲ ਇਸ ਘਿਨਾਉਣੀ ਹਰਕਤ ਲਈ ਜ਼ਿੰਮੇਵਾਰ 6 ਮੁੱਖ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਹੈ। ਫਿਲਹਾਲ ਬੇਲਗਾਵੀ ਵਿਚ ਵਿਧਾਨ ਸਭਾ ਦਾ ਸਰਦ ਰੁੱਤ ਸੈਸ਼ਨ ਚੱਲ ਰਿਹਾ ਹੈ। ਜਿਸ ਕਾਰਨ ਗ੍ਰਹਿ ਮੰਤਰੀ ਡਾਕਟਰ ਪਰਮੇਸ਼ਵਰ ਖੁਦ ਪੀੜਤ ਪਰਿਵਾਰ ਨੂੰ ਮਿਲਣ ਗਏ ਅਤੇ ਪਰਿਵਾਰਕ ਮੈਂਬਰਾਂ ਨੂੰ ਦੋਸ਼ੀਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ।






ਕੈਨੇਡੀਅਨ ਪੰਜਾਬੀ ਪੋਸਟ — Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।
ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300


ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com


















## ਸ਼੍ਰੋਮਣੀ ਅਕਾਲੀ ਦਲ ਦੇ 103ਵਾਂ ਸਥਾਪਨਾ ਦਿਵਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਦਰਬਾਰ ਸਾਹਿਬ ਵਿਖੇ ਜੋੜੇ ਸਾਫ਼ ਕਰਨ ਦੀ ਕੀਤੀ ਸੇਵਾ

ਸ਼੍ਰੋਮਣੀ ਅਕਾਲੀ ਦਲ ਦੇ 103ਵਾਂ ਸਥਾਪਨਾ ਦਿਵਸ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਮੇਤ ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਦਰਬਾਰ ਸਾਹਿਬ ਵਿੱਚ ਮੱਥਾ ਟੇਕਣ ਪਹੁੰਚੀ। ਤਿੰਨ ਦਿਨ ਤੱਕ ਸੁਖਬੀਰ ਸਿੰਘ ਬਾਦਲ ਤੇ ਉਨਾਂ ਦਾ ਪਰਿਵਾਰ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿੱਚ ਆਮ ਸ਼ਰਧਾਲੂਆਂ ਵਾਂਗ ਸੇਵਾ ਕਰਨਗੇ। ਜਿਸ ਦੇ ਚੱਲਦੇ ਸੁਖਬੀਰ ਸਿੰਘ ਬਾਦਲ ਅੱਜ ਪਹਿਲੇ ਦਿਨ ਸ੍ਰੀ ਦਰਬਾਰ ਸਾਹਿਬ ਦੇ ਵਿੱਚ ਪਹਿਲਾਂ ਜੋੜੇ ਘਰ ਵਿਚ ਸੇਵਾ ਕੀਤੀ।




# ਲੰਡਨ ਦੇ ਰੇਲਵੇ ਸਟੇਸ਼ਨ ’ਤੇ ਬੁਲੀ ਨਸਲ ਦੇ ਕੁੱਤੇ ਨੇ ਵਿਅਕਤੀ ’ਤੇ ਕੀਤਾ ਹਮਲਾ

ਲੰਡਨ, 12 ਦਸੰਬਰ (ਪੋਸਟ ਬਿਊਰੋ): ਲੰਡਨ ਦੇ ਸਟ੍ਰੈਟਫੋਰਡ ਸਟੇਸ਼ਨ 'ਤੇ ਐਤਵਾਰ ਨੂੰ ਇਕ ਬੁਲੀ ਨਸਲ ਦੇ ਕੁੱਤੇ ਨੇ ਇਕ ਵਿਅਕਤੀ 'ਤੇ ਹਮਲਾ ਕਰ ਦਿੱਤਾ। ਇਸ ਕਾਰਨ ਵਿਅਕਤੀ ਪਲੇਟਫਾਰਮ 'ਤੇ ਡਿੱਗ ਗਿਆ। ਕੁੱਤੇ ਦਾ ਮਾਲਕ ਇਸ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ, ਪਰ ਉਹ ਅਸਫਲ ਰਿਹਾ। ਇਸ ਦੌਰਾਨ ਪਲੇਟਫਾਰਮ 'ਤੇ ਟਰੇਨ ਆ ਗਈ ਅਤੇ ਵਿਅਕਤੀ ਨੇ ਟਰੇਨ ਵਿਚ ਸਵਾਰ ਹੋ ਕੇ ਆਪਣੀ ਜਾਨ ਬਚਾਈ।

ਇਸ ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਵੀਡੀਓ ਵਿਚ ਦੇਖਿਆ ਜਾ ਰਿਹਾ ਹੈ ਕਿ ਇਕ ਔਰਤ ਦੋ ਕੁੱਤਿਆਂ ਨਾਲ



ਸਟੇਸ਼ਨ 'ਤੇ ਖੜ੍ਹੀ ਹੈ। ਉਹ ਕੁੱਤਿਆਂ ਨੂੰ ਸੰਭਾਲਣ ਦੇ ਯੋਗ ਨਹੀਂ ਸੀ। ਇਸ ਦੌਰਾਨ ਇਕ ਵਿਅਕਤੀ ਉਸ ਦੀ ਮੱਦਦ ਲਈ ਅੱਗੇ ਆਇਆ, ਜਿਸ 'ਤੇ ਕੁੱਤੇ ਨੇ ਹਮਲਾ ਕਰ ਦਿੱਤਾ।












FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017